**File No.DIPR-PRSS0PRS1(356)/1471/2020-DPRO Amritsar**

**I/28126/2020**

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਦਾਖ਼ਲ ਹੋਣ ਵਾਲੇ ਯਾਤਰੀਆਂ ਲਈ ਵਿਆਪਕ ਦਿਸ਼ਾ ਨਿਰਦੇਸ਼ ਜਾਰੀ

ਅੰਮ੍ਰਿਤਸਰ, 27 ਮਈ ( )-ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਵੱਲੋਂ ਪੰਜਾਬ ਵਿੱਚ ਦਾਖਲ ਹੋਣ ਵਾਲੇ ਹਰੇਕ ਵਿਅਕਤੀ ਨੂੰ ਲਾਜ਼ਮੀ ਤੌਰ 'ਤੇ ਇਕਾਂਤਵਾਸ ਕੀਤੇ ਜਾਣ ਸਬੰਧੀ ਕੀਤੇ ਐਲਾਨ ਤੋਂ ਬਾਅਦ ਸਿਹਤ ਵਿਭਾਗ ਵੱਲੋਂ ਹਵਾਈ , ਰੇਲ ਅਤੇ ਸੜਕ ਯਾਤਰਾ ਰਾਹੀਂ ਪੰਜਾਬ ਆਉਣ ਵਾਲੇ ਅੰਤਰਰਾਸ਼ਟਰੀ ਅਤੇ ਘਰੇਲੂ ਯਾਤਰੀਆਂ ਲਈ ਸਿਹਤ ਪ੍ਰੋਟੋਕੋਲ ਅਤੇ ਪ੍ਰਕਿਰਿਆ ਸਬੰਧੀ ਇੱਕ ਵਿਸਥਾਰਤ ਐਡਵਾਇਜ਼ਰੀ ਜਾਰੀ ਕੀਤੀ ਗਈ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਸਿਹਤ ਵਿਭਾਗ ਦੇ ਬੁਲਾਰੇ ਨੇ ਦੱਸਿਆ ਕਿ ਸਾਰੇ ਅੰਤਰਰਾਸ਼ਟਰੀ ਯਾਤਰੀਆਂ ਨੂੰ ਐਂਟਰੀ ਪੋਰਟ 'ਤੇ ਸਿਹਤ ਪ੍ਰੋਟੋਕਲ ਅਨੁਸਾਰ ਆਪਣੀ ਸਕਰੀਨਿੰਗ ਲਈ ਰਾਜ ਦੇ ਅਧਿਕਾਰੀਆਂ ਨੂੰ ਨਿੱਜੀ ਅਤੇ ਸਿਹਤ ਸਬੰਧੀ ਵੇਰਵਿਆਂ ਸਮੇਤ ਸਵੈ ਘੋਸ਼ਣਾ ਪੱਧਰ ਦੇਣਾ ਹੋਵੇਗਾ। ਸਕਰੀਨਿੰਗ ਦੌਰਾਨ ਲੱਛਣ ਪਾਏ ਜਾਣ ਵਾਲੇ ਅੰਤਰਾਸ਼ਟਰੀ ਯਾਤਰੀਆਂ ਨੂੰ ਟੈਸਟਿੰਗ ਲਈ ਸਿਹਤ ਸੰਸਥਾ ਵਿੱਚ ਲਿਜਾਇਆ ਜਾਵੇਗਾ ਅਤੇ ਕੋਵਿਡ ਟੈਸਟਿੰਗ ਲਈ ਆਈਸੀਐਮਆਰ ਦੇ ਦਿਸ਼ਾ ਨਿਰਦੇਸ਼ਾਂ ਮੁਤਾਬਕ ਉਨਾਂ ਦੇ ਆਰਟੀ ਪੀਸੀਆਰ ਸੈਂਪਲ ਲਏ ਜਾਣਗੇ। ਉਨਾਂ ਅੱਗੇ ਦੱਸਿਆ ਕਿ ਜੋ ਵਿਅਕਤੀ ਪਾਜ਼ੇਟਿਵ ਪਾਏ ਗਏ ਜਾਣ ਪਰ ਲੱਛਣ ਨਾ ਹੋਣ , 60 ਸਾਲ ਤੋਂ ਘੱਟ ਉਮਰ ਦੇ ਹੋਣ ਅਤੇ ਕਿਸੇ ਹੋਰ ਬਿਮਾਰੀ ਤੋਂ ਪੀੜਤ ਨਾ ਹੋਣ, ਨੂੰ ਕੋਵਿਡ ਕੇਅਰ ਸੈਂਟਰਾਂ ਵਿਚ ਰੱਖਿਆ ਜਾਵੇਗਾ।

ਜੋ ਵਿਅਕਤੀ ਪਾਜ਼ੀਟਿਵ ਹਨ ਅਤੇ ਮੈਡੀਕਲ ਨਿਗਰਾਨੀ ਲੋੜੀਂਦੀ ਹੈ ( ਭਾਵੇਂ ਗੰਭੀਰ ਲੱਛਣ ਹੋਣ ਕਰਕੇ ਜਾਂ 60 ਸਾਲ ਤੋਂ ਵੱਧ ਉਮਰ ਹੋਣ ਕਰਕੇ ਜਾਂ ਹੋਰ ਬਿਮਾਰੀ ਤੋਂ ਪੀੜਤ ਹੋਣ ਕਰਕੇ) , ਉਨਾਂ ਨੂੰ ਡਾਕਟਰੀ ਸਥਿਤੀ ਦੇ ਆਧਾਰ 'ਤੇ ਦਰਜ 2 ਜਾਂ ਦਰਜਾ 3 ਦੀਆਂ ਸਿਹਤ ਸਹੂਲਤਾਂ ਵਿਚ ਰੱਖਿਆ ਜਾਵੇਗਾ। ਇਸ ਤੋਂ ਇਲਾਵਾ ਜਿਨਾਂ ਯਾਤਰੀਆਂ ਵਿੱਚ ਲੱਛਣ ਨਹੀਂ ਪਾਏ ਜਾਂਦੇ ਅਤੇ ਜੋ ਨੈਗੇਟਿਵ ਪਾਏ ਜਾਂਦੇ ਹਨ , ਉਨਾਂ ਨੂੰ ਭੁਗਤਾਨ ਦੇ ਆਧਾਰ 'ਤੇ ਸੰਸਥਾਗਤ ਇਕਾਂਤਵਾਸ (ਸਰਕਾਰੀ/ਹੋਟਲ ਕੁਆਰੰਟੀਨ) ਵਿੱਚ ਰੱਖਿਆ ਜਾਵੇਗਾ ਅਤੇ 5ਵੇਂ ਦਿਨ ਉਨਾਂ ਦਾ ਟੈਸਟ ਕੀਤਾ ਜਾਵੇਗਾ। ਜੇ ਉਨਾਂ ਦੀ ਟੈਸਟ ਰਿਪੋਰਟ ਨੈਗੇਟਿਵ ਆਉਂਦੀ ਹੈ ਤਾਂ ਉਨਾਂ ਨੂੰ ਸੰਸਥਾਗਤ ਇਕਾਂਤਵਾਸ ਦੇ 7 ਦਿਨ ਪੂਰੇ ਹੋਣ 'ਤੇ ਘਰ ਜਾਣ ਦੀ ਆਗਿਆ ਦੇ ਦਿੱਤੀ ਜਾਵੇਗੀ ਅਤੇ ਉਨਾਂ ਨੂੰ ਅਗਲੇ 7 ਦਿਨ ਤੱਕ ਘਰੇਲੂ ਇਕਾਂਤਵਾਸ ਵਿੱਚ ਰਹਿਣ ਅਤੇ ਆਪਣੀ ਸਿਹਤ ਦੀ ਸਵੈ ਨਿਗਰਾਨੀ ਦੀ ਸਲਾਹ ਦਿੱਤੀ ਜਾਵੇਗੀ। ਇਸ ਸਬੰਧੀ ਲਿਖ਼ਤੀ ਘੋਸ਼ਣਾ ਸਿਹਤ ਅਧਿਕਾਰੀਆਂ/ਜ਼ਿਲਾ ਪ੍ਰਸ਼ਾਸਨ ਨੂੰ ਜਮਾਂ ਕਰਵਾਉਣੀ ਹੋਵੇਗੀ।

ਉਨਾਂ ਦੱਸਿਆ ਕਿ ਅਸਧਾਰਨ ਹਾਲਤਾਂ ਜਿਵੇਂ ਗਰਭ ਅਵਸਥਾ / ਪਰਿਵਾਰਕ ਮੈਂਬਰ ਦੀ ਮੌਤ / ਗੰਭੀਰ ਮਾਨਸਿਕ ਬਿਮਾਰੀ ਸਬੰਧੀ ਮਾਮਲਿਆਂ ਵਿੱਚ , ਡਿਪਟੀ ਕਮਿਸ਼ਨਰ ਸੰਸਥਾਗਤ ਕੁਆਰੰਟੀਨ ਦੀ ਬਜਾਏ 14 ਦਿਨਾਂ ਲਈ ਹੋਮ ਕੁਆਰੰਟੀਨ ਦੀ ਆਗਿਆ ਦੇ ਸਕਦੇ ਹਨ ਅਤੇ ਇਸ ਸਬੰਧੀ ਸਿਹਤ ਵਿਭਾਗ ਨੂੰ ਸੂਚਿਤ ਕਰਨਾ ਹੋਵੇਗਾ।

ਇਸ ਤੋਂ ਇਲਾਵਾ , ਅਜਿਹੇ ਸਾਰੇ ਯਾਤਰੀਆਂ ਨੂੰ ਕੋਵਾ ਐਪ ਡਾਊਨਲੋਡ ਕਰਨ ਦੀ ਜ਼ਰੂਰਤ ਹੋਵੇਗੀ ਜੋ ਕਿਰਿਆਸ਼ੀਲ ਰਹੇਗੀ।

ਉਨਾਂ ਕਿਹਾ ਕਿ ਘਰੇਲੂ ਯਾਤਰੀਆਂ ਲਈ ਹਵਾਈ ਜਹਾਜ਼ / ਰੇਲ / ਅੰਤਰ-ਰਾਜ ਯਾਤਰਾ ਦੁਆਰਾ ਸੜਕ ਰਾਹੀਂ ਪੰਜਾਬ ਵਿਚ ਦਾਖਲ ਹੋਣ ਵਾਲੇ ਸਾਰੇ ਵਿਅਕਤੀਆਂ ਦੀ ਐਂਟਰੀ ਪੁਆਇੰਟਸ ਤੇ ਹੀ ਕੋਵਿਡ - 19 ਦੇ ਲੱਛਣਾਂ ਸਬੰਧੀ ਸਕ੍ਰੀਨਿੰਗ ਵੀ ਕੀਤੀ ਜਾਵੇਗੀ।

ਸਕ੍ਰੀਨਿੰਗ ਦੌਰਾਨ ਪਾਜ਼ੀਟਿਵ ਪਾਏ ਗਏ ਯਾਤਰੇਆਂ ਨੂੰ ਜਾਂਚ ਲਈ ਸਿਹਤ ਕੇਂਦਰ ਲਿਜਾਇਆ ਜਾਏਗਾ। ਉੱਪਰ ਦੱਸੇ ਮਤਾਬਕ ਜੇਕਰ ਵਿਅਕਤੀ ਪਾਜ਼ੀਟਿਵ ਹਨ ਉਨਾਂ ਨੂੰ ਡਾਕਟਰੀ ਲੋੜਾਂ ਮੁਤਾਬਕ ਦਰਜ 2 ਜਾਂ ਦਰਜਾ 3 ਦੀਆਂ ਸਿਹਤ ਸਹੂਲਤਾਂ ਵਿਚ ਰੱਖਿਆ ਜਾਵੇਗਾ।

ਜੇ ਕਿਸੇ ਵਿਅਕਤੀ ਵਿਚ ਕੋਵਿਡ ਸਬੰਧੀ ਲੱਛਣ ਨਾ ਹੋਣ ਜਾਂ ਟੈਸਟਿੰਗ ਨੈਗੇਟਿਵ ਹੈ , ਤਾਂ ਉਸਨੂੰ ਇੱਕ ਅੰਡਰਟੇਕਿੰਗ ਜਮਾਂ ਕਰਨ ਤੋਂ ਬਾਅਦ ਘਰ ਜਾਣ ਦੀ ਇਜਾਜ਼ਤ ਦਿੱਤੀ ਜਾਵੇਗੀ। ਇਸ ਅੰਡਰਟੇਕਿੰਗ ਵਿਚ 14 ਦਿਨਾਂ ਲਈ ਘਰ 'ਚ ਇਕਾਂਤਵਾਸ ,ਆਪਣੀ ਸਿਹਤ ਸਥਿਤੀ ਦੀ ਸਵੈ ਨਿਗਰਾਨੀ ਅਤੇ ਕੋਵਿਡ - 19 ਸਬੰਧੀ ਕੋਈ ਵੀ ਲੱਛਣ ਨਜ਼ਰ ਆਉਣ ਤੇ ਨੇੜਲੀ ਸਿਹਤ ਸਹੂਲਤ ਨੂੰ ਸੂਚਿਤ ਕਰਨਾ ਲਾਜ਼ਮੀ ਹੋਵੇਗਾ। ਸਾਰੇ ਯਾਤਰੀਆਂ ਨੂੰ ਕੋਵਾ ਐਪ ਡਾਊਨਲੋਡ ਕਰਨਾ ਲਾਜ਼ਮੀ ਹੈ ਹਮੇਸ਼ਾਂ ਜੋ ਕਿਰਿਆਸ਼ੀਲ ਰਹੇਗੀ।

ਪੰਜਾਬ ਤੋਂ ਅਕਸਰ ਬਾਹਰ ਜਾਣ ਜਾਂ ਅੰਤਰ-ਰਾਜ ਯਾਤਰਾ ਕਰਨ ਵਾਲੇ ਯਾਤਰੀ ਜਿਵੇਂ ਕਿ ਐਮ ਪੀ / ਐਮ ਐਲ ਏ , ਡਾਕਟਰਾਂ, ਪੱਤਰਕਾਰਾਂ, ਇੰਜੀਨੀਅਰਾਂ, ਕਾਰਜਕਾਰੀ, ਵਪਾਰੀ, ਟਰਾਂਸਪੋਰਟਰਾਂ, ਸਲਾਹਕਾਰਾਂ ਆਦਿ ਨੂੰ ਹੋਮ ਕੁਅਰੰਟਾਈਨ ਰੱਖਣ ਦੀ ਜ਼ਰੂਰਤ ਨਹੀਂ ਹੈ।

ਡਿਪਟੀ ਕਮਿਸ਼ਨਰ ਅਤੇ ਸਬ-ਡਵੀਜ਼ਨਲ ਮੈਜਿਸਟ੍ਰੇਟ ਅਜਿਹੇ ਵਿਅਕਤੀਆਂ ਨੂੰ ਪਾਸ ਜਾਰੀ ਕਰਨ ਲਈ ਅਧਿਕਾਰਤ ਹਨ ਜੋ ਆਪਣੀ ਸਿਹਤ ਸਥਿਤੀ ਦੀ ਸਵੈ-ਨਿਗਰਾਨੀ ਲਈ ਇਕ ਅੰਡਰਟੇਕਿੰਗ ਪੇਸ਼ ਕਰਨਗੇ ਅਤੇ ਜੇ ਉਨਾਂ ਨੂੰ ਕੋਈ ਲੱਛਣ ਹੋਣ ਤਾਂ ਪ੍ਰਸ਼ਾਸਨ ਨੂੰ ਸੂਚਿਤ ਕਰਨਗੇ। ਬੁਲਾਰੇ ਨੇ ਅੱਗੇ ਕਿਹਾ ਕਿ ਉਨਾਂ ਨੂੰ ਕੋਵਾ ਐਪ ਡਾਊਨਲੋਡ ਕਰਨ ਦੀ ਵੀ ਲੋੜ ਹੈ ਜੋ ਕਿਰਿਆਸ਼ੀਲ ਰਹੇਗੀ।

=========

**File No.DIPR-PRSS0PRS1(356)/1471/2020-DPRO Amritsar**

**I/28130/2020**

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

ਕੰਮ ਦੀ ਭਾਲ ਕਰ ਰਹੇ ਬੇਰੁਜਗਾਰਾਂ ਲਈ ਆਨਲਾਈਨ ਰਜਿਸਟ੍ਰੇਸ਼ਨ ਸ਼ੁਰੂ

ਅੰਮ੍ਰਿਤਸਰ 27 ਮਈ ( )---

ਪੰਜਾਬ ਸਰਕਾਰ ਵੱਲੋਂ ਕੋਵਿਡ-19 ਮਹਾਂਮਾਰੀ ਦੇ ਬਚਾਅ ਲਈ ਜਾਰੀ ਲੌਕਡਾਊਨ ਨੂੰ ਹੋਲੀ ਹੋਲੀ ਖੋਲਿਆ ਜਾ ਰਿਹਾ ਹੈ। ਜਿਲੇ ਵਿੱਚ ਫੈਕਟਰੀਆਂ, ਏਜੰਸੀਆਂ ਅਤੇ ਹੋਰ ਜਰੂਰੀ ਕੰਮਕਾਜ ਵਾਲੀਆਂ ਸੰਸਥਾਵਾਂ ਨੂੰ ਚਲਾਉਣ ਦੀ ਇਜਾਜਤ ਦਿੱਤੀ ਗਈ ਹੈ। ਰੋਜ਼ਗਾਰ ਜਨਰੇਸ਼ਨ ਅਤੇ ਟ੍ਰੇਨਿੰਗ ਦੇ ਪ੍ਰਿੰਸੀਪਲ ਸਕੱਤਰ ਸ਼੍ਰੀ ਰਾਹੁਲ ਤਿਵਾਰੀ ਦੇ ਨਿਰਦੇਸ਼ਾਂ ਤੇ ਮਿਸ਼ਨ ਘਰ-ਘਰ ਰੋਜ਼ਗਾਰ ਅਧੀਨ ਜ਼ਿਲਾ ਰੋਜ਼ਗਾਰ ਅਤੇ ਕਾਰੋਬਾਰ , ਅੰਮ੍ਰਿਤਸਰ ਵੱਲੋਂ ਬੇਰੁਜਗਾਰ ਨੌਜਵਾਨਾਂ ਨੂੰ ਰੋਜਗਾਰ ਦਿਵਾਉਣ ਦੇ ਉਪਰਾਲੇ ਸ਼ੁਰੂ ਕੀਤੇ ਗਏ ਹਨ।

ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ਼੍ਰੀਮਤੀ ਪਲਵੀ ਚੌਧਰੀ ਨੇ ਦੱਸਿਆ ਕਿ ਰੋਜ਼ਗਾਰ ਵਿਭਾਗ ਵੱਲੋਂ ਰੋਜ਼ਗਾਰ ਦੀ ਤਲਾਸ਼ ਕਰ ਰਹੇ ਮਜਦੂਰਾਂ ਲਈ https://forms.gle/ix.PfUWYXuw9yUnUm6 ਆਨਲਾਈਨ ਲਿੰਕ ਤਿਆਰ ਕੀਤਾ ਗਿਆ ਹੈ। ਜਿਸ ਲਿੰਕ ਉੱਤੇ ਮਜਦੂਰ ਖੁੱਦ ਨੂੰ ਰਜਿਸਟਰ ਕਰ ਸਕਦੇ ਹਨ ਅਤੇ ਬਿਊਰੋ ਦੇ ਅਧਿਕਾਰੀਆਂ ਵੱਲੋਂ ਵੀ ਮਜਦੂਰਾਂ ਨਾਲ ਸੰਪਰਕ ਕਰਕੇ ਉਨਾਂ ਨੂੰ ਰਜਿਸਟਰ ਕੀਤਾ ਜਾਵੇਗਾ। ਉਨਾਂ ਦੱਸਿਆ ਕਿ ਇਸ ਪ੍ਰਕਾਰ ਜਿਹੜੇ ਕਿਸਾਨਾਂ ਫੈਕਟਰੀ ਮਾਲਕਾਂ ਨਿਰਮਾਣ ਕੰਮਾਂ ਦੇ ਠੇਕੇਦਾਰਾਂ ਆਦਿ ਨੂੰ ਮਜਦੂਰਾਂ ਦੀ ਜਰੂਰਤ ਹੈ ਉਹ ਵੀ ਆਪਣੇ ਆਪ ਨੂੰ https://forms.gle/1oUei7VTdhrpDrMBA ਲਿੰਕ ਤੇ ਰਜਿਸਟਰ ਕਰਕੇ ਆਪਣੀ ਮੰਗ ਰੋਜ਼ਗਾਰ ਦਫਤਰ ਨੂੰ ਭੇਜ ਸਕਦੇ ਹਨ। ਜ਼ਿਲਾ ਰੋਜ਼ਗਾਰ ਅਤੇ ਕਾਰੋਬਾਰ ਦੇ ਡਿਪਟੀ ਡਾਇਰੈਕਟਰ ਸ਼੍ਰੀ ਜਸਵੰਤ ਰਾਏ ਨੇ ਦੱਸਿਆ ਕਿ ਰੋਜ਼ਗਾਰ ਦਫਤਰ ਵਿੱਚ ਹਾਲ ਦੀ ਘੜੀ ਵਿੱਚ ਪਬਲਿਕ ਡੀਲਿੰਗ ਬੰਦ ਹੈ ਅਤੇ ਬੇਰੁਜਗਾਰਾਂ ਦੀ ਮੱਦਦ ਲਈ ਹੈਲਪਲਾਈਨ ਨੰ 99157-89068 ਜਾਰੀ ਕੀਤਾ ਗਿਆ ਹੈ। ਜੋ ਵੀ ਪ੍ਰਾਰਥੀ ਕਿਸੇ ਵੀ ਤਰਾਂ ਦੀ ਕੋਈ ਜਾਣਕਾਰੀ ਹਾਸਲ ਕਰਨਾ ਚਾਹੁੰਦਾ ਹੈ ਉਹ ਇਸ ਨੰਬਰ ਤੇ ਕੰਮ ਵਾਲੇ ਦਿਨ ਸਵੇਰੇ 9 ਤੋਂ ਸ਼ਾਮ 5 ਵਜੇ ਤੱਕ ਸੰਪਰਕ ਕਰ ਸਕਦਾ ਹੈ , ਨਾਲ ਹੀ ਵਟੱਸਐਪ ਮੈਸੇਜ ਭੇਜ ਕੇ ਵੀ ਜਾਣਕਾਰੀ ਪ੍ਰਾਪਤ ਕੀਤੀ ਜਾ ਸਕਦੀ ਹੈ। ਇਸ ਤੋਂ ਇਲਾਵਾ ਬਿਊਰੋ ਵੱਲੋਂ ਈ.ਮੇਲ ਆਈ dbeeamritsarhelp@gmail.com ਵੀ ਜਾਰੀ ਕੀਤੀ ਗਈ ਹੈ , ਰੋਜ਼ਗਾਰ ਅਤੇ ਸਵੈ ਰੋਜ਼ਗਾਰ ਨਾਲ ਸਬੰਧਤ ਕੋਈ ਵੀ ਜਾਣਕਾਰੀ ਲੈਣ ਹਿੱਤ ਉਪਰੋਕਤ ਈ.ਮੇਲ ਆਈ.ਡੀ ਤੇ ਈ.ਮੇਲ ਭੇਜੀ ਜਾ ਸਕਦੀ ਹੈ। ਇਸ ਤੋਂ ਇਲਾਵਾ ਸਵੈ ਰੋਜ਼ਗਾਰ/ਆਪਣਾ ਕੰਮ ਧੰਦਾ ਸ਼ੁਰੂ ਕਰਨ ਦੇ ਚਾਹਵਾਨ ਪ੍ਰਾਰਥੀ ਲੋਨ ਲੈਣ ਸਬੰਧੀ https://forms.gle/ekkKVLuwCKiMFgLTA ਲਿੰਕ ਉਤੇ ਆਪਣੇ ਆਪ ਨੂੰ ਰਜਿਸਟਰ ਕਰਵਾ ਸਕਦੇ ਹਨ , ਤਾਂ ਜੋ

ਬਿਊਰੋ ਵੱਲੋਂ ਉਨਾਂ ਨੂੰ ਲੋਨ ਲੈਣ ਵਿੱਚ ਸਹਾਇਤਾ ਕੀਤੀ ਜਾ ਸਕੇ। ਪੜੇ ਲਿਖੇ ਬੇਰੁਜਗਾਰ ਆਪਣੇ ਆਪ ਨੂੰ www.pgrkam.com ਤੇ ਰਜਿਸਟਰ ਕਰਵਾਉਣ ਤਾਂ ਜੋ ਉਨਾਂ ਨੂੰ ਯੋਗਤਾ ਅਨੁਸਰ ਰੋਜ਼ਗਾਰ ਦਵਾਇਆ ਜਾ ਸਕੇ।

============